# ਪੰਜਾਬ ਐਜੂਸੈਟ ਸੁਸਾਇਟੀ

ਈ ਬਲਾਕ, ਵਿੱਦਿਆ ਭਵਨ, ਟੈਕਸਟ ਬੁੱਕ ਸੈਲ, ਪਹਿਲੀ ਮੰਜ਼ਿਲ
ਪੀ.ਐਸ.ਈ.ਬੀ.ਕੈਂਪਸ, ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
ਫੋਨ ਨੰ. 0172-5218801-16, ਈ-ਮੇਲ: edusat.punjab@gmail.com


ਵੱਲ,

1. ਸਮੂਹ ਜਿਲਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।

ਮੀਮੋ ਨੰ.:24/40/2017/ਪੀ.ਈ.ਐਸ/ਟਾਈਮ ਸ਼ਡਿਊਲ/201710033
ਮਿਤੀ: 19/9/17

ਵਿਸ਼ਾ: ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਦਿਆਰਥੀਆਂ ਦੀ ਰਜਿਸਟਰੇਸ਼ਨ ਦੇ ਆਨ-ਲਾਈਨ ਪੋਰਟਲ ਬਾਰੇ ਐਜੂਸੈਟ ਰਾਹੀ ਟ੍ਰੇਨਿੰਗ ਦੇਣ ਸਬੰਧੀ।

1.0 ਉਪਰੋਕਤ ਵਿਸ਼ੇ ਅਧੀਨ ਰਾਜ ਦੇ ਸਮੂਹ ਸਰਕਾਰੀ ਹਾਈ/ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਸਵੀਂ ਅਤੇ ਬਾਰਵੀਂ ਜਮਾਤ ਦੇ ਪ੍ਰੀਖਿਆ ਫਾਰਮਾਂ, ਕੰਟੀਨਿਊਸ਼ਨ ਤੇ ਏਰਡ ਦੇ ਆਨ ਲਾਈਨ ਪੋਰਟਲ ਦੀ ਵਰਕਿੰਗ ਸਬੰਧੀ ਐਜੂਸੈਟ ਨੈਟਵਰਕ ਰਾਹੀਂ ਜਾਣਕਾਰੀ ਦਿੱਤੀ ਜਾਵੇਗੀ।

2.0 ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸਕੂਲ ਮੁੱਖੀਆਂ, 9ਵੀਂ ਤੇ 12ਵੀਂ ਜਮਾਤਾਂ ਦੇ ਇੰਚਾਰਜਾਂ/ਕਲਰਕਾਂ ਦੀ ਉਪਰੋਕਤ ਵਿਸ਼ੇ ਸਬੰਧੀ ਟ੍ਰੇਨਿੰਗ ਮਿਤੀ 20.09.2017 ਨੂੰ ਬਾਅਦ ਦੁਪਹਿਰ 12:30 ਵਜੇ ਕਰਵਾਈ ਜਾਣੀ ਹੈ।

3.0 ਇਸ ਸਬੰਧੀ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜਿਹਨਾਂ ਸਰਕਾਰੀ ਸੀਨੀਅਰ ਸੈਕੰਡਰੀ/ਹਾਈ ਸਕੂਲਾਂ ਵਿੱਚ ਆਰ.ਓ.ਟੀਜ਼ ਉਪਲੱਬਧ ਨਹੀਂ ਹਨ, ਉਹਨਾਂ ਸਕੂਲਾਂ ਦੇ ਸਬੰਧਤ ਸਕੂਲ ਮੁੱਖੀ/ਅਧਿਆਪਕ/ਕਲਰਕਾਂ ਦੀ ਹਾਜ਼ਰੀ ਨੇੜੇ ਦੇ ਚਾਲੂ ਹਾਲਤ ਵਿੱਚ ਆਰ.ਓ.ਟੀਜ਼ (ਐਜੂਸੈਟ ਸੁਵਿਧਾ) ਵਾਲੇ ਸਕੂਲਾਂ ਵਿੱਚ ਯਕੀਨੀ ਬਣਾਈ ਜਾਵੇ।

4.0 ਐਜੂਸੈਟ ਤੇ ਹੋਣ ਵਾਲੇ ਇਸ ਟ੍ਰੇਨਿੰਗ ਵਿੱਚ ਸ਼ਾਮਿਲ ਹੋਣ ਵਾਲੇ ਅਧਿਆਪਕਾਂ ਦੀ ਹਾਜ਼ਰੀ ਰਿਪੋਰਟ ਸਬੰਧਤ ਸਕੂਲ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ), ਪੰਜਾਬ ਰਾਹੀਂ ਇਸ ਦਫਤਰ ਦੀ ਈ-ਮੇਲ edusat.punjab@gmail.com ਤੇ ਭੇਜੀ ਜਾਵੇ।

5.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ।

ਪਿਠ ਅੰਕਣ ਨੰ: 24/40/2017/ਪੀ.ਈ.ਐਸ/ਟਾਈਮ ਸ਼ਡਿਊਲ/201710034 ਮਿਤੀ: 19/9/17

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਏ ਟੂ ਮਾਨਯੋਗ, ਸਕੱਤਰ ਸਕੂਲ ਸਿੱਖਿਆ, ਪੰਜਾਬ (ਸੂਚਨਾ ਹਿੱਤ ਜੀ)।
2. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ।
3. ਡਾਇਰੈਕਟਰ ਕੰਪਿਊਟਰਜ਼,ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਬੇਨਤੀ ਹੈ ਕਿ ਸਬੰਧਤ ਜਿਲ੍ਹਿਆ ਨਾਲ ਰਾਬਤਾ ਕਾਇਮ ਕਰਕੇ ਸਕੂਲ ਮੁੱਖੀਆਂ, 9ਵੀਂ ਤੋ 12ਵੀਂ ਜਮਾਤਾਂ ਦੇ ਇੰਚਾਰਜਾਂ/ਕਲਰਕਾਂ ਦਾ ਟ੍ਰੇਨਿੰਗ ਵਿੱਚ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ।
4. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ ਨੂੰ ਯੋਗ ਕਾਰਵਾਈ ਹਿੱਤ।
5. ਡੀ.ਐਮ (ਐਮ.ਆਈ.ਐਸ) ਨੂੰ ਪੱਤਰ ਦੀ ਕਾਪੀ ਤੁਰੰਤ ਵੈਬਸਾਈਟ ਅਤੇ ਨੋਟਿਸ ਬੋਰਡ ਤੇ ਉਪਲਬਧ ਕਰਵਾਉਣ ਹਿੱਤ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ।

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:),ਬਠਿੰਡਾ

ਪਿਠਅੰਕਣ ਨੰ: ਐਜੂਸੈਟ ( ) 2017/ 5 ਮਿਤੀ: 20-09-2017

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀ, ਸਸਸਸ/ਸਹਸ/ਸਮਿਸ, ਜਿਲ੍ਹਾ ਬਠਿੰਡਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀ ਪਾਲਣਾ ਕਰਦੇ ਹੋਏ ਇਸ ਸਬੰਧੀ ਸੂਚਨਾ ਇਸ ਦਫਤਰ ਦੀ ਮੇਲ ਆਈ ਡੀ pes.btd@gmail.com ਤੇ ਅੱਜ ਮਿਤੀ 20-09-2017 ਨੂੰ ਮੇਲ ਕਰਨੀ ਯਕੀਨੀ ਬਣਾਈ ਜਾਵੇ।

ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:),
ਬਠਿੰਡਾ
20/9/17